# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-08-2024**

- ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ, ਕਿ ਭਾਰਤ ਦੋ ਸਾਲਾਂ ਦੇ ਅੰਦਰ, ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣ ਜਾਵੇਗਾ ।
- ਪੰਜਾਬ, ਤੇਲੰਗਾਨਾ, ਕੇਰਲ ਅਤੇ ਪੱਛਮੀ ਬੰਗਾਲ ਦੀਆਂ ਰਾਜ ਸਰਕਾਰਾਂ ਨੇ, ਸਿੱਖਿਆ ਦਾ ਅਧਿਕਾਰ RTE ਕਾਨੂੰਨ ਲਾਗੂ ਨਹੀਂ ਕੀਤਾ ਏ ।
- ਪੰਜਾਬ BJP 11 ਤੋਂ 13 ਅਗਸਤ ਤੱਕ ਹਰ ਵਿਧਾਨ ਸਭਾ ਹਲਕੇ ਵਿਚ, ਤਿਰੰਗਾ ਯਾਤਰਾਵਾਂ ਦਾ ਆਯੋਜਨ ਕਰੇਗੀ ।
- ਪੈਰਿਸ ਓਲੰਪਿਕ ਵਿੱਚ ਪਹਿਲਵਾਨ ਵਿਨੇਸ਼ ਫੋਗਾਟ ਨੂੰ ਫਾਈਨਲ ਮੁਕਾਬਲੇ ਵਿੱਚ ਪਹੁੰਚਣ ਤੋਂ ਬਾਅਦ ਕੁਝ ਗ੍ਰਾਮ ਵੱਧ ਭਾਰ ਹੋਣ ਕਾਰਨ, 50 ਕਿਲੋਗ੍ਰਾਮ ਫ੍ਰੀ ਸਟਾਈਲ ਕੁਸ਼ਤੀ ਵਿੱਚੋਂ ਅਯੋਗ ਕਰਾਰ ਦਿੱਤਾ ਗਿਆ ਏ ।

---------------------------------------------------------------

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ, ਕਿ ਭਾਰਤ ਦੋ ਸਾਲਾਂ ਦੇ ਅੰਦਰ, ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣ ਜਾਵੇਗਾ। ਉਨ੍ਹਾਂ ਕਿਹਾ ਕਿ ਦੇਸ਼ ਵਿਸ਼ਵ ਅਰਥ-ਵਿਵਸਥਾ ਵਿੱਚ 5ਵੇਂ ਸਥਾਨ 'ਤੇ ਪਹੁੰਚ ਗਿਆ ਏ। ਅੱਜ ਨਵੀਂ ਦਿੱਲੀ ਵਿੱਚ ਆਯੋਜਿਤ, 10ਵੇਂ ਕੌਮਾਂਤਰੀ ਹੱਥਖੱਡੀ ਦਿਵਸ ਸਮਾਗਮ ਵਿੱਚ ਬੋਲਦਿਆਂ, ਉਪ ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਦਾ ਵਿਕਾਸ ਹੋ ਰਿਹਾ ਏ, ਅਤੇ ਇਹ ਵਾਧਾ ਅਟੁੱਟ ਏ। ਆਰਥਿਕ ਰਾਸ਼ਟਰਵਾਦ ਦੀ ਵਕਾਲਤ ਕਰਦੇ ਹੋਏ, ਜਗਦੀਪ ਧਨਖੜ ਨੇ ਕਿਹਾ ਕਿ ਇਹ, ਦੇਸ਼ ਦੇ ਆਰਥਿਕ ਵਿਕਾਸ ਲਈ ਬੁਨਿਆਦ ਏ ਅਤੇ ਆਰਥਿਕ ਰਾਸ਼ਟਰਵਾਦ ਦੇਸ਼ ਵਿੱਚ ਵਿਦੇਸ਼ੀ ਮੁਦਰਾ ਬਚਾਉਣ ਅਤੇ ਰੁਜ਼ਗਾਰ ਤੇ ਉੱਦਮ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਕਰੇਗਾ। ਇਸ ਮੌਕੇ ਉਨਾਂ ਹੱਥਖੱਡੀ ਕਾਰੀਗਰਾਂ ਨੂੰ ਹੱਥਖੱਡੀ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ, ਸੰਤ ਕਬੀਰ ਪੁਰਸਕਾਰ ਅਤੇ ਰਾਸ਼ਟਰੀ ਹੱਥਖੱਡੀ ਪੁਰਸਕਾਰ ਪ੍ਰਦਾਨ ਕੀਤੇ।

---------------------------------------------------

ਕੇਂਦਰ ਸਰਕਾਰ ਨੇ ਕਿਹਾ ਏ, ਕਿ ਪੰਜਾਬ, ਤੇਲੰਗਾਨਾ, ਕੇਰਲ ਅਤੇ ਪੱਛਮੀ ਬੰਗਾਲ ਦੀਆਂ ਰਾਜ ਸਰਕਾਰਾਂ ਨੇ ਸਿੱਖਿਆ ਦਾ ਅਧਿਕਾਰ RTE ਕਾਨੂੰਨ ਲਾਗੂ ਨਹੀਂ ਕੀਤਾ ਏ। ਰਾਜ ਸਭਾ ਵਿੱਚ ਪ੍ਰਸ਼ਨ

ਕਾਲ ਦੌਰਾਨ ਪੂਰਕ ਸਵਾਲਾਂ ਦਾ ਜਵਾਬ ਦਿੰਦਿਆਂ, ਕੇਂਦਰੀ ਸਿੱਖਿਆ ਰਾਜ ਮੰਤਰੀ ਜਯੰਤ ਚੌਧਰੀ ਨੇ, ਕਿਹਾ ਕਿ ਇਸ ਦਾ ਮਕਸਦ, ਗਰੀਬ ਵਿਦਿਆਰਥੀਆਂ ਨੂੰ ਮੁਫਤ ਸਿੱਖਿਆ ਪ੍ਰਦਾਨ ਕਰਨਾ ਏ । ਉਨਾਂ ਕਿਹਾ ਕਿ ਸਿੱਖਿਆ ਸਮਕਾਲੀ ਸੂਚੀ ਵਿੱਚ ਏ, ਇਸ ਲਈ ਸਬੰਧਤ ਸੂਬਾ ਸਰਕਾਰ ਸਿੱਖਿਆ ਲਈ ਸਬੰਧਤ ਕਾਨੂੰਨ ਬਣਾ ਸਕਦੀ ਏ। ਜਯੰਤ ਚੌਧਰੀ ਨੇ ਕਿਹਾ ਕਿ ਕੇਂਦਰ ਸਿੱਖਿਆ ਖੇਤਰ 'ਤੇ ਧਿਆਨ ਕੇਂਦਰਿਤ ਕਰ ਰਿਹਾ ਏ, ਇਸ ਲਈ ਸਿੱਖਿਆ ਮੰਤਰਾਲੇ ਦਾ ਬਜਟ ਅਲਾਟਮੈਂਟ ਕੋਈ ਇਕ ਲੱਖ 20 ਹਜ਼ਾਰ ਕਰੋੜ ਰੁਪਏ ਤੱਕ ਪਹੁੰਚ ਗਿਆ ਏ।

---

ਪੰਜਾਬ ਵਿਚ ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਤੋਂ ਸੂਬਾ ਸਰਕਾਰ ਦੇ ਖਜ਼ਾਨੇ ਵਿਚ, ਬੀਤੇ ਜੁਲਾਈ ਦੇ ਇਕ ਮਹੀਨੇ ਦੌਰਾਨ ਹੀ ਰਿਕਾਰਡ 71 ਫੀਸਦੀ ਵੱਧ ਆਮਦਨ ਆਈ ਏ । ਇੱਕ ਮਹੀਨੇ ਵਿੱਚ ਏਨਾ ਵਾਧਾ ਆਪਣੇ ਆਪ ਵਿੱਚ, ਇੱਕ ਵਿਲੱਖਣ ਪ੍ਰਾਪਤੀ ਏ । ਮਾਲ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਲੋਕਾਂ ਨੂੰ ਪਾਰਦਰਸ਼ੀ, ਸਾਫ-ਸੁਥਰੀ ਅਤੇ ਭ੍ਰਿਸ਼ਟਾਚਾਰ ਮੁਕਤ ਸੇਵਾਵਾਂ ਦੇਣਾ ਸਰਕਾਰ ਦਾ ਮੁੱਖ ਟੀਚਾ ਏ ਅਤੇ ਇਸੇ ਸਦਕਾ ਸੂਬੇ ਦੀ ਆਮਦਨ ਵਿਚ ਲਗਾਤਾਰ ਵਾਧਾ ਹੋ ਰਿਹਾ ਏ । ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਮਈ ਵਿੱਚ, 22 ਫੀਸਦੀ, ਜੂਨ ਵਿੱਚ 42 ਫੀਸਦੀ ਅਤੇ ਜੁਲਾਈ ਮਹੀਨੇ

ਵਿੱਚ 71 ਫੀਸਦੀ ਆਮਦਨ ਦਾ ਵਾਧਾ ਇਹ ਦਰਸਾਉਂਦਾ ਏ, ਕਿ ਸੂਬਾ ਰੰਗਲਾ ਪੰਜਾਬ ਬਣਨ ਵੱਲ ਕਦਮ ਵਧਾ ਰਿਹਾ ਏ।

----------------------------------------------------

ਪੰਜਾਬ ਸਕੂਲ ਸਿੱਖਿਆ ਵਿਭਾਗ, ਸੂਬੇ ਦੇ 10 ਜਿਲ੍ਹਿਆਂ ਵਿੱਚ ਇੰਨਡੋਰ ਸ਼ੂਟਿੰਗ ਰੇਂਜ ਬਣਾ ਰਿਹਾ ਏ। ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੰਗਰੂਰ, ਲੁਧਿਆਣਾ, ਜਲੰਧਰ, ਫਿਰੋਜਪੁਰ, ਅੰਮ੍ਰਿਤਸਰ, ਰੂਪਨਗਰ, ਸਾਹਿਬਜਾਦਾ ਅਜੀਤ ਸਿੰਘ ਨਗਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ ਅਤੇ ਮਾਨਸਾ ਵਿੱਚ ਇਹ ਇੰਨਡੋਰ ਸ਼ੂਟਿੰਗ ਰੇਂਜ ਸਥਾਪਿਤ ਕੀਤੀਆਂ ਜਾਣਗੀਆਂ, ਜਿਸ ਵਿੱਚ ਖਿਡਾਰੀ 10 ਮੀਟਰ ਨਿਸ਼ਾਨੇਬਾਜੀ ਦਾ ਅਭਿਆਸ ਕਰ ਸਕਣਗੇ। ਉਨਾਂ ਦੱਸਿਆ ਕਿ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ਼ ਤੇ ਦੁਨੀਆਂ ਵਿੱਚ ਮੋਹਰੀ ਬਨਾਉਣ ਲਈ ਸੂਬਾ ਸਰਕਾਰ ਲਗਾਤਾਰ ਯਤਨਸ਼ੀਲ ਏ ਅਤੇ ਇਸ ਦਿਸ਼ਾ ਵਿੱਚ ਕਦਮ ਪੁੱਟਦਿਆਂ ਖੇਡਾਂ ਵਤਨ ਪੰਜਾਬ ਦੀਆਂ ਰਾਹੀ ਖੇਡ ਸੱਭਿਆਚਾਰ ਪ੍ਰਫੁੱਲਤ ਕੀਤਾ ਜਾ ਰਿਹਾ ਏ।

----------------------------------------------------

ਪੰਜਾਬ BJP ਦੇ ਸੂਬਾ ਜਨਰਲ ਸਕੱਤਰ ਤੇ "ਹਰ ਘਰ ਤਿਰੰਗਾ " ਯਾਤਰਾ ਦੇ ਸੂਬਾ ਇੰਚਾਰਜ ਦਿਆਲ ਸਿੰਘ ਸੋਢੀ ਨੇ ਕਿਹਾ ਏ, ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਪਿਛਲੇ ਸਾਲਾਂ ਤੋ ਚਲਾਈ

ਹੋਈ ਮੁਹਿੰਮ "ਹਰ ਘਰ ਤਿਰੰਗਾ" ਦੇਸ਼ ਭਗਤੀ ਦੀ ਭਾਵਨਾ ਤੇ ਜਜ਼ਬਾ ਪੈਦਾ ਕਰਦੀ ਏ ਅਤੇ ਦੇਸ਼ ਦੀ ਖਾਤਰ ਜਾਨਾਂ ਕੁਰਬਾਨ ਕਰਨ ਵਾਲੇ ਸੂਰਬੀਰਾਂ ਦੀ ਸ਼ਹਾਦਤ ਦੀ ਯਾਦ ਦਿਵਾਉਂਦੀ ਏ। ਚੰਡੀਗੜ ਤੋਂ ਅੱਜ ਜਾਰੀ ਇੱਕ ਬਿਆਨ ਵਿਚ ਉਨਾਂ ਕਿਹਾ ਕਿ ਹਰ ਘਰ ਤਿਰੰਗਾ ਯਾਤਰਾ ਮੁਹਿੰਮ ਨੂੰ, ਪੂਰੇ ਉਤਸ਼ਾਹ ਨਾਲ ਦੇਸ਼ ਦੀ ਏਕਤਾ ਤੇ ਅਖੰਡਤਾ ਪ੍ਰਤੀ ਵਚਨਬੱਧਤਾ ਨਾਲ ਮਨਾਉਂਦੇ ਆ ਰਹੇ ਹਾਂ ਅਤੇ ਹਰ ਘਰ ਤਰੰਗਾਂ ਯਾਤਰਾ ਲਈ BJP ਵਰਕਰਾਂ ਤੇ ਦੇਸ਼ ਵਾਸੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਏ। ਦਿਆਲ ਸਿੰਘ ਸੋਢੀ ਨੇ ਦੱਸਿਆ ਕਿ BJP ਦੇ ਕੌਮੀ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਤੇ ਸੂਬਾ ਪ੍ਰਧਾਨ ਸੁਨੀਲ ਜਾਖੜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਾਰਟੀ ਵੱਲੋਂ, 11 ਤੋਂ 13 ਅਗਸਤ ਤੱਕ ਹਰ ਵਿਧਾਨ ਸਭਾ ਹਲਕੇ ਵਿਚ ਤਿਰੰਗਾ ਯਾਤਰਾਵਾਂ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ BJP ਯੁਵਾ ਮੋਰਚਾ ਦੀ ਅਹਿਮ ਭੂਮਿਕਾ ਹੋਵੇਗੀ। ਉਨਾਂ ਕਿਹਾ ਕਿ 12 ਤੋਂ 14 ਅਗਸਤ ਤੱਕ ਦੇਸ਼ ਦੀ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਬਹਾਦਰ ਸੂਰਬੀਰਾਂ ਦੇ ਬਣੇ ਹੋਏ ਸਮਾਰਕਾਂ ਦੇ ਆਲੇ - ਦੁਆਲੇ ਸਫ਼ਾਈ ਮੁਹਿੰਮ ਚਲਾਈ ਜਾਵੇਗੀ ਅਤੇ ਉਨਾਂ ਦੀਆਂ ਮੂਰਤੀਆਂ ਤੇ ਫ਼ੁੱਲਾਂ ਦੀਆਂ ਮਾਲਾਵਾਂ ਭੇਟ ਕੀਤੀਆਂ ਜਾਣਗੀਆਂ। 13 ਤੋਂ 15 ਅਗਸਤ ਤੱਕ ਹਰ ਘਰ ਤੇ ਤਿਰੰਗਾ ਲਹਿਰਾਇਆ ਜਾਵੇਗਾ। ਦਿਆਲ ਸੋਢੀ ਨੇ ਦੱਸਿਆ ਕਿ 14 ਅਗਸਤ ਵਾਲੇ ਦਿਨ ਨੂੰ 1947 ਵਿੱਚ

ਵੰਡ ਦੀ ਤ੍ਰਾਸਦੀ ਦੇ ਦਿਨ ਵਜੋਂ ਮਨਾਇਆ ਜਾਵੇਗਾ ਕਿਉਂਕਿ ਕਾਂਗਰਸ ਦੀਆਂ ਗ਼ਲਤ ਨੀਤੀਆਂ ਕਾਰਨ ਲੱਖਾਂ ਲੋਕ ਪ੍ਰਭਾਵਿਤ ਹੋ ਕੇ ਘਰੋਂ ਬੇਘਰ ਹੋ ਗਏ ਸਨ ਅਤੇ ਕਤਲੋਗਾਰਦ ਦੇ ਸ਼ਿਕਾਰ ਵੀ ਹੋਏ ਸਨ। 14 ਅਗਸਤ ਨੂੰ ਮੌਨ ਪ੍ਰਦਰਸ਼ਨ ਅਤੇ ਕੈਂਡਲ ਮਾਰਚ ਵੀ ਕੱਢੇ ਜਾਣਗੇ।

-----------------------------------------------------

ਮਾਲੇਰਕੋਟਲਾ ਕਲੱਬ ਵਿਖੇ "ਮਾਲੇਰਕੋਟਲਾ ਲੇਡੀਜ਼ ਕਲੱਬ" ਵਲੋਂ ਤੀਆਂ ਦਾ ਤਿਉਹਾਰ  ਬੜੇ ਉਤਸ਼ਾਹ ਨਾਲ ਮਨਾਇਆ। ਡਿਪਟੀ ਕਮਿਸ਼ਨਰ ਡਾ ਪੱਲਵੀ , ਸਮੇਤ ਹੋਰਨਾਂ ਅਧਿਕਾਰੀਆਂ ਨੇ, ਇਸ ਮੌਕੇ ਉਚੇਚੇ ਤੌਰ ਤੇ ਸਮੂਲੀਅਤ ਕੀਤੀ। ਡਾ ਪੱਲਵੀ ਨੇ "ਮਾਲੇਰਕੋਟਲਾ ਲੇਡੀਜ਼ ਕਲੱਬ" ਦੇ ਆਹੁਦੇਦਾਰਾਂ ਅਤੇ ਜ਼ਿਲ੍ਹੇ ਦੇ ਲੋਕਾਂ  ਨੂੰ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦਿਆ ਕਿਹਾ ਕਿ ਸਾਨੂੰ ਆਪਣੇ ਅਮੀਰ ਅਤੇ ਵੰਨ-ਸੁਵੰਨੇ ਸੱਭਿਆਚਾਰ 'ਤੇ ਮਾਣ ਕਰਦੇ ਹੋਏ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਿਤ ਰੱਖਣ ਲਈ ਆਪਣੇ ਰਵਾਇਤੀ ਤੌਰ ਤਰੀਕਿਆ ਨਾਲ ਤਿਉਹਾਰ ਮਨਾਉਂਣੇ ਚਾਹੀਦੇ ਨੇ ਤਾਂ ਜੋ ਨੌਜਵਾਨ, ਆਪਣੇ ਅਮੀਰ ਵਿਰਸੇ ਅਤੇ ਸੱਭਿਆਚਾਰ ਨਾਲ ਜੁੜ ਸਕਣ।  ਉਨ੍ਹਾਂ ਕਿਹਾ ਕਿ ਸਾਨੂੰ ਵਾਤਾਵਰਣ ਨੂੰ ਬਚਾਉਣ ਵਾਸਤੇ  ਵੱਧ ਤੋਂ ਵੱਧ ਬੂਟੇ ਵੀ ਲਾਉਣੇ ਚਾਹੀਦੇ ਨੇ। ਇਸ ਮੌਕੇ

ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਕਲੱਬ ਦੇ ਮੈਂਬਰਾਂ ਨੂੰ ਸਜਾਵਟੀ ਪੌਦੇ ਵੀ ਤਕਸੀਮ ਕੀਤੇ।

-----------------------------------------------------

ਪ੍ਰਵਾਸੀ ਭਾਰਤੀ ਪੰਜਾਬੀਆਂ ਨੂੰ, ਹੁਣ ਆਪਣੇ ਜ਼ਰੂਰੀ ਦਸਤਾਵੇਜ਼ਾਂ ਨੂੰ ਕਾਂਊਟਰ ਸਾਈਨ ਕਰਵਾਉਣ ਲਈ ਸਰਕਾਰੀ ਦਫ਼ਤਰਾਂ ਵਿੱਚ ਜਾਣ ਦੀ ਜ਼ਰੂਰਤ ਨਹੀਂ ਏ। ਪ੍ਰਵਾਸੀ ਭਾਰਤੀ ਲੋਕਾਂ ਦੀ ਇਸ ਖੱਜਲ ਖ਼ੁਆਰੀ ਨੂੰ ਖਤਮ ਕਰਨ ਲਈ ਸਰਕਾਰ ਨੇ ਇਕ ਆਨਲਾਈਨ ਪੋਰਟਲ ਈ- ਸਨਦ ਪੋਰਟਲ ਲਾਗੂ ਕੀਤਾ ਏ, ਜਿਸ ਰਾਹੀ ਕਾਂਊਟਰ ਸਾਈਨ ਉਹ, ਹੁਣ ਘਰ ਬੈਠੇ ਹੀ ਕਰਵਾ ਸਕਣਗੇ। ਮਾਲੇਰਕੋਟਲਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਕਿਹਾ ਕਿ ਸੂਬਾ ਸਰਕਾਰ ਤੇ ਪ੍ਰਵਾਸੀ ਭਾਰਤੀ ਮਾਮਲੇ ਵਿਭਾਗ ਵੱਲੋਂ, ਕਾਊਂਟਰ ਸਾਈਨਾਂ ਦੇ ਕੰਮ ਲਈ, ਈ- ਸਨਦ ਪੋਰਟਲ ਨੂੰ ਜ਼ਿਲ੍ਹੇ ਵਿੱਚ ਲਾਗੂ ਕਰਵਾਉਣ ਦੀ ਸ਼ੁਰੂਆਤ ਕਰ ਦਿੱਤੀ ਏ। ਡਾ. ਪੱਲਵੀ ਨੇ ਦੱਸਿਆ ਕਿ ਈ-ਸਨਦ ਪ੍ਰੋਜੈਕਟ ਦਾ ਉਦੇਸ਼, ਭਾਰਤੀ ਨਾਗਰਿਕਾਂ, ਪ੍ਰਵਾਸੀ ਭਾਰਤੀਆਂ ਜਿਨ੍ਹਾਂ ਨੇ ਭਾਰਤ ਵਿੱਚ ਦਸਤਾਵੇਜ਼ ਜਾਰੀ ਕਰਨ ਵਾਲੀਆਂ ਅਥਾਰਟੀਆਂ ਤੋਂ ਦਸਤਾਵੇਜ਼ ਪ੍ਰਾਪਤ ਕਰਨੇ ਨੇ, ਲਈ ਕੰਟੈਕਟਲੈੱਸ ਅਤੇ ਕਾਗਜ਼ ਰਹਿਤ ਦਸਤਾਵੇਜ਼ ਤਸਦੀਕ, ਅਪੋ-ਸਟਾਈਲ ਕਾਨੂੰਨੀ ਮਾਨਤਾ ਸੇਵਾ ਲਈ ਇੱਕ ਕੇਂਦਰੀ

ਪਲੇਟਫਾਰਮ ਪ੍ਰਦਾਨ ਕਰਨਾ ਏ। ਇਹਨਾਂ ਵਿੱਚ ਨਿੱਜੀ, ਵਿਦਿਅਕ ਅਤੇ ਵਪਾਰਕ ਹਰ ਕਿਸਮ ਦੇ ਦਸਤਾਵੇਜ਼ ਸ਼ਾਮਲ ਨੇ।

---------------------------------------------------

ਰਾਸ਼ਟਰੀ ਬਾਲ ਅਧਿਕਾਰ ਰੱਖਿਆ ਕਮਿਸ਼ਨ ਨਵੀਂ ਦਿੱਲੀ ਦੀ ਟੀਮ, ਭਲਕੇ 8 ਅਗਸਤ ਨੂੰ ਗੁਰਦਾਸਪੁਰ ਦਾ ਦੌਰਾ ਕਰੇਗੀ। ਇਸ ਮੌਕੇ ਟੀਮ ਵੱਲੋਂ, ਪੰਚਾਇਤ ਭਵਨ ਗੁਰਦਾਸਪੁਰ ਵਿਖੇ ਬੱਚਿਆਂ ਨਾਲ ਸਬੰਧਿਤ ਸਕੀਮਾਂ ਸਬੰਧੀ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ। ਜ਼ਿਲੇ ਦੇ ਵਧੀਕ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ ਨੇ ਦੱਸਿਆ ਕਿ ਕੈਂਪ ਦੌਰਾਨ ਜਰੂਰਤਵੰਦ ਪਰਿਵਾਰਾਂ, ਜਿਨ੍ਹਾਂ ਦੇ ਬੱਚਿਆਂ ਨੂੰ ਸਰਕਾਰ ਦੀਆਂ ਸਕੀਮਾਂ ਸਬੰਧੀ ਕੋਈ ਦਿੱਕਤ ਪੇਸ਼ ਆ ਰਹੀ ਏ, ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਹੈਲਪ ਡੈਸਕ ਵੀ ਲਗਾਏ ਜਾਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਭਲਕੇ ਸਵੇਰੇ ਸਾਢੇ 9 ਵਜੇ ਆਪਣੇ ਬੱਚਿਆਂ ਨਾਲ ਪੰਚਾਇਤ ਭਵਨ ਵਿਖੇ ਪਹੁੰਚਣ ਅਤੇ ਬੱਚਿਆਂ ਨਾਲ ਸਬੰਧਿਤ ਸਕੀਮਾਂ ਦੇ ਲਾਭ ਲੈਣ ਵਿੱਚ ਆ ਰਹੀਆਂ ਮੁਸ਼ਕਲਾਂ ਦਾ ਹੱਲ ਪ੍ਰਾਪਤ ਕਰਨ ਦੀ ਅਪੀਲ ਕੀਤੀ ਏ।

---------------------------------------------------

ਪੈਰਿਸ ਓਲੰਪਿਕ ਵਿੱਚ ਭਾਰਤ ਲਈ ਇੱਕ ਮੰਦਭਾਗੀ ਘਟਨਾ

ਵਿੱਚ, ਪਹਿਲਵਾਨ ਵਿਨੇਸ਼ ਫੋਗਾਟ ਨੂੰ ਫਾਈਨਲ ਮੁਕਾਬਲੇ ਵਿੱਚ ਪਹੁੰਚਣ ਤੋਂ ਬਾਅਦ ਕੁਝ ਗ੍ਰਾਮ ਵੱਧ ਭਾਰ ਹੋਣ ਕਾਰਨ 50 ਕਿਲੋਗ੍ਰਾਮ ਫ੍ਰੀ ਸਟਾਈਲ ਕੁਸ਼ਤੀ ਵਿੱਚੋਂ ਅਯੋਗ ਕਰਾਰ ਦਿੱਤਾ ਗਿਆ ਏ । ਭਾਰਤੀ ਓਲੰਪਿਕ ਸੰਘ ਨੇ ਇੱਕ ਬਿਆਨ ਵਿੱਚ ਕਿਹਾ ਕਿ ਟੀਮ ਵਲੋਂ ਰਾਤ ਭਰ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ, ਅੱਜ ਸਵੇਰੇ ਉਸ ਦਾ ਵਜ਼ਨ 50 ਕਿਲੋਗ੍ਰਾਮ ਤੋਂ ਕੁਝ ਗ੍ਰਾਮ ਵੱਧ ਗਿਆ । ਇਸ ਤੋਂ ਪਹਿਲਾਂ ਵਿਨੇਸ਼ ਫੋਗਾਟ ਨੇ, ਵਿਸ਼ਵ ਨੰਬਰ ਇਕ ਅਤੇ ਟੋਕੀਓ 2020 ਦੀ ਚੈਂਪੀਅਨ ਜਾਪਾਨ ਦੀ ਯੂਈ ਸੁਸਾਕੀ ਨੂੰ ਹਰਾ ਕੇ ਕੁਆਰਟਰ ਫਾਈਨਲ ਲਈ ਕੁਆਲੀਫਾਈ ਕੀਤਾ ਸੀ । ਜਦਕਿ ਕੁਆਰਟਰ ਫਾਈਨਲ ਵਿੱਚ ਵਿਨੇਸ਼ ਨੇ, ਯੂਕਰੇਨ ਦੀ ਓਕਸਾਨਾ ਲਿਵਾਚ ਨੂੰ 7- 5 ਨਾਲ ਹਰਾ ਕੇ ਸੈਮੀਫਾਈਨਲ ਵਿੱਚ ਥਾਂ ਪੱਕੀ ਕੀਤੀ । ਅੰਤਮ ਮੁਕਾਬਲੇ ਵਿੱਚ ਉਸਨੇ ਕਿਊਬਾ ਦੀ ਯੂਸ-ਨੀਲਿਸ ਨੂੰ ਹਰਾਇਆ ਅਤੇ ਓਲੰਪਿਕ ਵਿੱਚ ਫਾਈਨਲ ਵਿੱਚ ਪਹੁੰਚਣ ਵਾਲੀ, ਪਹਿਲੀ ਭਾਰਤੀ ਮਹਿਲਾ ਪਹਿਲਵਾਨ ਬਣ ਗਈ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਪੈਰਿਸ ਓਲੰਪਿਕ ਵਿੱਚ 50 ਕਿਲੋਗ੍ਰਾਮ ਮਹਿਲਾ ਕੁਸ਼ਤੀ ਦੇ ਫਾਈਨਲ ਵਿੱਚ ਅਯੋਗ ਕਰਾਰ ਦਿੱਤੇ ਜਾਣ ਤੋਂ ਬਾਅਦ, ਪਹਿਲਵਾਨ ਵਿਨੇਸ਼ ਫੋਗਾਟ ਨੂੰ ਦਿਲਾਸਾ ਦਿੱਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ

ਕਿ ਇਹ ਝਟਕਾ ਦੁਖਦਾਈ ਏ, ਅਤੇ ਨਿਰਾਸ਼ਾ ਜ਼ਾਹਰ ਕਰਨ ਲਈ ਸ਼ਬਦ ਨਹੀਂ ਨੇ । ਉਨਾਂ ਕਿਹਾ ਕਿ ਭਲਵਾਨ ਫੋਗਾਟ ਚੈਂਪੀਅਨਾਂ ਵਿੱਚੋਂ ਇੱਕ ਚੈਂਪੀਅਨ ਏ ਅਤੇ ਭਾਰਤ ਦਾ ਮਾਣ ਏ, ਜਿਹੜੀ ਹਰ ਭਾਰਤੀ ਲਈ ਪ੍ਰੇਰਨਾ ਸਰੋਤ ਏ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਉਹ ਲਚਕੀਲੇਪਣ ਦੀ ਪ੍ਰਤੀਕ ਏ ਅਤੇ ਉਨ੍ਹਾਂ ਦਾ ਸੁਭਾਅ ਹਮੇਸ਼ਾ ਚੁਣੌਤੀਆਂ ਦਾ ਸਾਹਮਣਾ ਕਰਨਾ ਰਿਹਾ ਏ। ਉਨਾਂ ਕਿਹਾ ਕਿ ਹਰ ਕੋਈ ਆਸ ਕਰਦਾ ਏ, ਕਿ ਉਹ ਇਸ ਝਟਕੇ ਤੋਂ ਮਜ਼ਬੂਤੀ ਨਾਲ ਵਾਪਸ ਆਵੇਗੀ । ਪ੍ਰਧਾਨ ਮੰਤਰੀ ਮੋਦੀ ਨੇ ਭਾਰਤੀ ਓਲੰਪਿਕ ਸੰਘ ਦੀ ਪ੍ਰਧਾਨ, ਪੀ. ਟੀ. ਊਸ਼ਾ ਨਾਲ ਵੀ ਗੱਲ ਕੀਤੀ ਏ ਅਤੇ ਇਸ ਮਾਮਲੇ ਵਿੱਚ ਪੂਰੀ ਜਾਣਕਾਰੀ ਮੰਗੀ ਏ । ਸੂਤਰਾਂ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮੋਦੀ ਨੇ, ਆਈ. ਓ. ਏ. ਪ੍ਰਧਾਨ ਨੂੰ ਵਿਨੇਸ਼ ਫੋਗਾਟ ਦੇ ਮਾਮਲੇ ਵਿੱਚ ਮਦਦ ਲਈ ਸਾਰੇ ਬੱਦਲਾਂ ਦੀ ਪੂਰੀ ਪੜਚੋਲ ਕਰਨ ਲਈ ਕਿਹਾ ਏ ।

---------------------------------------------------

ਲੁਧਿਆਣਾ ਜ਼ਿਲੇ ਵਿਚ ਸੁਲਤਾਨਪੁਰ- ਅੰਮ੍ਰਿਤਸਰ ਮੁਖ ਮਾਰਗ 'ਤੇ ਸਵੇਰੇ 7 ਵਜੇ ਦੇ ਕਰੀਬ ਵਾਪਰੇ ਸੜਕ ਹਾਦਸੇ 'ਚ ਪਿਓ-ਧੀ ਦੀ ਮੌਤ ਹੋ ਗਈ । ਤੇਜ਼ ਰਫਤਾਰ ਕਾਰ ਚਾਲਕ ਨੇ ਮੋਟਰ-ਸਾਈਕਲ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ ਜਿਸ ਤੇ ਮੋਟਰ-ਸਾਈਕਲ ਕਰੀਬ 15 ਫੁੱਟ ਦੂਰ ਜਾ ਡਿੱਗੀ । ਸੰਦੀਪ ਨਾਮਕ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ

ਉਸਦੇ ਪਰਿਵਾਰ ਦੇ ਤਿੰਨ ਮੈਂਬਰ ਗੰਭੀਰ ਰੂਪ 'ਚ ਜ਼ਖਮੀ ਹੋ ਗਏ ਜਿਨਾਂ ਵਿਚੋਂ 6 ਸਾਲ ਦੀ ਬੱਚੀ ਦੀ ਵੀ ਬਾਅਦ ਵਿਚ ਮੌਤ ਹੋ ਗਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।